ਛੇਵੀਂ ਜਮਾਤ ਤੋਂ ਏਆਈ ਸਿਖਿਆ ਸ਼ੁਰੂ ਕਰੇਗੀ ਪੰਜਾਬ ਸਰਕਾਰ : ਹਰਜੋਤ ਬੈਂਸ

- 'ਬ੍ਰਾਈਟ ਮਾਈਂਡਜ਼ ਆਫ਼ ਪੰਜਾਬ 2026' ਤਹਿਤ 657 ਹੋਣਹਾਰ ਵਿਦਿਆਰਥੀਆਂ ਦਾ ਸਨਮਾਨ
- ਸਕੂਲੀ ਸਿਖਿਆ ਵਿਚ ਪੰਜਾਬ ਦੀ ਪਹਿਲੀ ਰੋਂਕਿੰਗ ਸੁਧਾਰਾਂ ਦਾ ਨਤੀਜਾ : ਮਨੀਸ਼ ਸਿਸੋਦੀਆ

ਐਸ.ਏ.ਐਸ ਨਗਰ, 2 ਜੂਨ (ਸਤਵਿੰਦਰ ਸਿੰਘ ਧਕਾਮ): ਪੰਜਾਬ ਦੇ ਸਿਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਐਲਾਨ ਕੀਤਾ ਕਿ ਵਿਦਿਆਰਥੀਆਂ ਨੂੰ ਭਵਿੱਖ ਦੀਆਂ ਚੁਣੌਤੀਆਂ ਲਈ ਤਿਆਰ ਕਰਨ ਦੇ ਮੱਤਵ ਨਾਲ ਪੰਜਾਬ ਦੇ ਸਰਕਾਰੀ ਸਕੂਲਾਂ ਵਿਚ ਛੇਵੀਂ ਜਮਾਤ ਤੋਂ ਆਰਟੀਫੀਸ਼ੀਅਲ ਇੰਟੈਲੀਜੈਂਸ (ਏਆਈ) ਦੀ ਸਿਖਿਆ ਸ਼ੁਰੂ ਕੀਤੀ ਜਾਵੇਗੀ। ਵਿਕਾਸ ਭਵਨ, ਮੋਹਾਲੀ ਵਿਖੇ 'ਬ੍ਰਾਈਟ ਮਾਈਂਡਜ਼ ਆਫ਼ ਪੰਜਾਬ 2026' ਤਹਿਤ 12ਵੀਂ ਜਮਾਤ ਵਿਚ 85 ਫ਼ੀ ਸਦੀ ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ ਲਗਭਗ 657 ਵਿਦਿਆਰਥੀਆਂ ਨੂੰ ਸਨਮਾਨਤ ਕਰਨ ਮੌਕੇ ਬੈਂਸ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਨੇ ਸਿਖਿਆ ਅਤੇ ਖੇਡਾਂ ਨੂੰ ਪਹਿਲ ਦੇ ਕੇ ਸਿਖਿਆ ਖੇਤਰ ਵਿਚ ਵੱਡੇ ਬਦਲਾਅ ਲਿਆਂਦੇ ਹਨ। ਉਨ੍ਹਾਂ ਕਿਹਾ ਕਿ ਨੀਤੀ ਆਯੋਗ ਵਲੋਂ ਸਕੂਲੀ ਸਿਖਿਆ ਵਿਚ ਪੰਜਾਬ ਨੂੰ ਪਹਿਲਾ ਸਥਾਨ ਮਿਲਣਾ ਇਨ੍ਹਾਂ ਯਤਨਾਂ ਦੀ ਪੁਸ਼ਟੀ ਕਰਦਾ ਹੈ। ਉਨ੍ਹਾਂ ਦਸਿਆ ਕਿ ਅਧਿਆਪਕਾਂ ਨੂੰ ਸਿਖਾਪੁਰ ਅਤੇ ਗਿਨਲੈਂਡ ਵਰਗੇ ਦੇਸ਼ਾਂ ਵਿਚ ਉੱਚ ਪਧਰੀ ਸਿਖਲਾਈ ਲਈ ਭੇਜਿਆ ਗਿਆ ਹੈ। ਬੈਂਸ ਨੇ ਕਿਹਾ ਕਿ ਪਿਛਲੇ ਚਾਰ ਸਾਲਾਂ ਦੌਰਾਨ ਕਰੀਬ 1000 ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੇ ਸਕਾਲਰਸ਼ਿਪ ਪ੍ਰੀਖਿਆ ਪਾਸ ਕੀਤੀ ਹੈ ਅਤੇ ਇਸ ਵਾਰ ਇਹ ਗਿਣਤੀ ਵਧ ਕੇ 1500 ਹੋ ਗਈ ਹੈ। ਇਸ ਤੋਂ ਇਲਾਵਾ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਜੇਈਈ ਅਤੇ ਨੀਟ ਵਰਗੀਆਂ ਪ੍ਰਤੀਯੋਗੀ ਪ੍ਰੀਖਿਆਵਾਂ ਵਿਚ ਸਫਲਤਾ ਹਾਸਲ ਕੀਤੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਏਆਈ ਆਧਾਰਤ ਪਾਠਕ੍ਰਮ ਰਾਹੀਂ ਵਿਦਿਆਰਥੀਆਂ ਨੂੰ ਭਵਿੱਖ ਦੀਆਂ ਨੌਕਰੀਆਂ ਲਈ ਤਿਆਰ ਕਰ ਰਹੀ ਹੈ ਤਾਂ ਜੋ ਉਹ ਬਦਲਦੇ ਸਮੇਂ ਨਾਲ ਕਦਮ ਮਿਲਾ ਸਕਣ। ਇਸ ਮੌਕੇ ਦਿੱਲੀ ਦੇ ਸਾਬਕਾ ਉਪ ਮੁੱਖ ਮੰਤਰੀ ਅਤੇ ਆਪ ਆਦਮੀ ਪਾਰਟੀ ਪੰਜਾਬ ਦੇ ਇੰਚਾਰਜ ਮਨੀਸ਼ ਸਿਸੋਦੀਆ ਨੇ ਵਿਦਿਆਰਥੀਆਂ ਨੂੰ ਅਕਾਦਮਿਕ ਜਾਣਕਾਰੀ, ਕਰੀਅਰ ਯੋਜਨਾ ਅਤੇ ਨਵੀਆਂ ਤਕਨੀਕਾਂ ਨਾਲ ਜੁੜੇ ਮੌਕਿਆਂ ਬਾਰੇ ਜਾਣਨ ਲਈ ਏਆਈ ਪਲੇਟਫਾਰਮਾਂ ਦੀ ਵਰਤੋਂ ਕਰਨ ਦੀ ਸਲਾਹ ਦਿਤੀ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਾਲਾਂ ਵਿਚ ਰੁਜ਼ਗਾਰ ਦਾ ਸਰੂਪ ਬਦਲ ਜਾਵੇਗਾ, ਇਸ ਲਈ ਵਿਦਿਆਰਥੀਆਂ ਨੂੰ ਨਵੇਂ ਯੁੱਗ ਦੀਆਂ ਲੋੜਾਂ ਅਨੁਸਾਰ ਅਪਣੇ ਆਪ ਨੂੰ ਤਿਆਰ ਕਰਨਾ ਹੋਵੇਗਾ। ਨੀਟ ਪ੍ਰੀਖਿਆ ਨਾਲ ਜੁੜੀਆਂ ਕਥਿਤ ਬੇਨਿਯਮੀਆਂ ਦਾ ਜ਼ਿਕਰ ਕਰਦਿਆਂ ਸਿਸੋਦੀਆ ਨੇ ਕਿਹਾ ਕਿ ਵਿਦਿਆਰਥੀਆਂ ਦੇ ਸੁਪਨਿਆਂ ਨਾਲ ਖਿਲਵਾੜ ਨਹੀਂ ਹੋਣਾ ਚਾਹੀਦਾ ਅਤੇ ਜੇਕਰ ਕੋਈ ਗੜਬੜ ਹੋਈ ਹੈ ਤਾਂ ਜ਼ਿੰਮੇਵਾਰਾਂ ਨੂੰ ਜਵਾਬਦੇਹ ਬਣਾਇਆ ਜਾਣਾ ਚਾਹੀਦਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਸਿਰ ਨੀਵਾਂ ਜਾਂ ਹਾਰ ਨਾ ਮੰਨਣ ਦੀ ਅਪੀਲ ਕਰਦਿਆਂ ਕਿਹਾ ਕਿ ਉਦਮੀ ਬਣਨ ਲਈ ਨੌਕਰੀ ਦੀ ਭਾਲ ਕਰਨ ਵਾਲਿਆਂ ਨਾਲੋਂ ਵੱਧ ਮਿਹਨਤ ਕਰਨੀ ਪੈਂਦੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵਿਦਿਆਰਥੀਆਂ ਦੇ ਹਰ ਸੁਪਨੇ ਨੂੰ ਪੂਰਾ ਕਰਨ ਲਈ ਵਚਨਬੱਧ ਹੈ।

ਰੂਪਨਗਰ ਦੇ ਕਿਸਾਨ ਦੀ ਧੀ ਨੇ ਏਅਰ ਫ਼ੋਰਸ ਅਕੈਡਮੀ ਦੀ ਮੈਰਿਟ ਸੂਚੀ 'ਚ ਦੇਸ਼ ਭਰ ਵਿਚੋਂ ਪਹਿਲਾ ਰੈਂਕ ਹਾਸਲ ਕੀਤਾ

- ਮਾਈ ਭਾਗੋ ਪ੍ਰੋਪਰੇਟਰੀ ਇੰਸਟੀਚਿਊਟ ਦੀਆਂ ਦੋ ਕੈਡੇਟ ਐਨਡੀਏ, ਐਨਏ ਵਿਚ ਸ਼ਾਮਲ

ਚੰਡੀਗੜ੍ਹ, 2 ਜੂਨ (ਸਸਸ): ਮਾਈ ਭਾਗੋ ਆਰਮਡ ਫ਼ੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ (ਏਐਫਪੀਆਈ) ਡਾਰ ਗਰਲਜ਼, ਮੋਹਾਲੀ ਦੀਆਂ ਦੋ ਮਹਿਲਾ ਕੈਡਿਟਾਂ ਨੇ ਦ੍ਰਿੜ੍ਹਤਾ ਅਤੇ ਸਾਹਸ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ। ਮਹਿਲਾ ਕੈਡਿਟ ਮਹਿਕਪ੍ਰੀਤ ਕੌਰ ਨੇ ਏਅਰ ਫ਼ੋਰਸ ਅਕੈਡਮੀ ਦੀ ਮੈਰਿਟ ਲਿਸਟ ਵਿਚ ਦੇਸ਼ ਭਰ ਵਿਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ ਜਦੋਂਕਿ ਮਹਿਲਾ ਕੈਡੇਟ ਕੋਮਲਪ੍ਰੀਤ ਕੌਰ ਨੇ ਵਕਾਰੀ ਨੈਸ਼ਨਲ ਡਿਫੈਂਸ ਅਕੈਡਮੀ (ਐਨਡੀਏ), ਖੜਕਵਾਸਲਾ ਵਿਚ ਦਾਖ਼ਲੇ ਲਈ ਦੇਸ਼ ਭਰ ਵਿਚੋਂ 18ਵਾਂ ਰੈਂਕ ਹਾਸਲ ਕੀਤਾ ਹੈ। ਸੰਸਥਾ ਦੇ ਸਿਧਾਂਤ 'ਸ਼ੁਭ ਕਰਮਨ ਤੇ ਕਬਹੂੰ ਨ ਟਰੋਂ' ਉਤੇ ਖਰਾ ਉਤਰਦਿਆਂ ਇਨ੍ਹਾਂ ਕੈਡਿਟਾਂ ਨੇ ਇਹ ਮਾਣਮੱਤੀ ਪ੍ਰਾਪਤੀ ਹਾਸਲ ਕੀਤੀ ਹੈ। ਦੋਵੇਂ ਮਹਿਲਾ ਕੈਡਿਟਾਂ ਨਿਮਰ ਪਿਛੋਕੜ ਨਾਲ ਸਬੰਧਤ ਹਨ। ਮਹਿਕਪ੍ਰੀਤ ਕੌਰ ਰੂਪਨਗਰ ਦੇ ਪਿੰਡ ਪਪਰਾਲੀ ਦੇ ਕਿਸਾਨ ਸ. ਅਮਰਜੀਤ ਸਿੰਘ ਅਤੇ ਰੁਪਿਦਰ ਕੌਰ ਦੀ ਧੀ ਹੈ, ਜਦੋਂਕਿ ਕੋਮਲਪ੍ਰੀਤ ਕੌਰ ਅੰਮ੍ਰਿਤਸਰ ਦੇ ਪਿੰਡ ਸ਼ਹੂਰ ਦੇ ਗੁਰਮੀਤ ਸਿੰਘ ਅਤੇ ਬਲਜੀਤ ਕੌਰ ਦੀ ਧੀ ਹੈ। ਕੋਮਲਪ੍ਰੀਤ ਕੌਰ ਦੇ ਪਿਤਾ ਭਾਰਤੀ ਫ਼ੌਜ ਵਿਚ ਹਵਲਦਾਰ ਹਨ। ਦੋਵੇਂ ਮਹਿਲਾ ਕੈਡਿਟਾਂ ਨੂੰ ਵਧਾਈ ਦਿੰਦਿਆਂ ਪੰਜਾਬ ਦੇ ਰੁਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਉਨ੍ਹਾਂ ਦੀ ਸਫਲਤਾ ਇਕ ਨਵੇਂ, ਅਭਿਲਾਸ਼ੀ ਪੰਜਾਬ ਦੇ ਉਭਰਦੇ ਆਤਮ-ਵਿਸ਼ਵਾਸ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਇਹ ਕੈਡਿਟਾਂ ਦੇਸ਼ ਦੀ ਸੇਵਾ ਵਿਚ ਸੁਨਹਿਰੀ ਭਵਿੱਖ ਲਈ ਸ਼ੁਭਕਾਮਨਾਵਾਂ ਦਿਤੀਆਂ ਹਨ। ਵੀ ਦਿਤੀਆਂ।

ਮਹਿਕਪ੍ਰੀਤ ਅਤੇ ਕੋਮਲਪ੍ਰੀਤ ਨੇ ਨਾ ਸਿਰਫ਼ ਭਾਰਤ ਦੀ ਸੇਵ ਤੋਂ ਮੁਸ਼ਕਲ ਰਖਿਆ ਪ੍ਰੀਖਿਆ ਪਾਸ ਕੀਤੀ ਹੈ, ਸਗੋਂ ਉਨ੍ਹਾਂ ਨੇ ਛੋਟੇ ਕਸਬਿਆਂ ਅਤੇ ਪਿੰਡਾਂ ਤੋਂ ਆਉਣ ਵਾਲੀ ਪੰਜਾਬ ਦੀ ਕਿਸਾਨ ਸ. ਅਮਰਜੀਤ ਸਿੰਘ ਅਤੇ ਰੁਪਿਦਰ ਕੌਰ ਦੀ ਧੀ ਹੈ, ਜਦੋਂਕਿ ਕੋਮਲਪ੍ਰੀਤ ਕੌਰ ਅੰਮ੍ਰਿਤਸਰ ਦੇ ਪਿੰਡ ਸ਼ਹੂਰ ਦੇ ਗੁਰਮੀਤ ਸਿੰਘ ਅਤੇ ਬਲਜੀਤ ਕੌਰ ਦੀ ਧੀ ਹੈ। ਕੋਮਲਪ੍ਰੀਤ ਕੌਰ ਦੇ ਪਿਤਾ ਭਾਰਤੀ ਫ਼ੌਜ ਵਿਚ ਹਵਲਦਾਰ ਹਨ। ਦੋਵੇਂ ਮਹਿਲਾ ਕੈਡਿਟਾਂ ਨੂੰ ਵਧਾਈ ਦਿੰਦਿਆਂ ਪੰਜਾਬ ਦੇ ਰੁਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਉਨ੍ਹਾਂ ਦੀ ਸਫਲਤਾ ਇਕ ਨਵੇਂ, ਅਭਿਲਾਸ਼ੀ ਪੰਜਾਬ ਦੇ ਉਭਰਦੇ ਆਤਮ-ਵਿਸ਼ਵਾਸ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਇਹ ਕੈਡਿਟਾਂ ਦੇਸ਼ ਦੀ ਸੇਵਾ ਵਿਚ ਸੁਨਹਿਰੀ ਭਵਿੱਖ ਲਈ ਸ਼ੁਭਕਾਮਨਾਵਾਂ ਦਿਤੀਆਂ ਹਨ। ਵੀ ਦਿਤੀਆਂ।

40 ਹਜ਼ਾਰ ਰੁਪਏ ਰਿਸ਼ਵਤ ਲੈਣ ਦੇ ਮਾਮਲੇ 'ਚ ਕਾਨੂੰਗੋ ਗ੍ਰਿਫ਼ਤਾਰ

ਕੋਟਕਪੂਰਾ, 2 ਜੂਨ (ਗੁਰਿੰਦਰ ਸਿੰਘ) : ਪੰਜਾਬ ਵਿਜੀਲੈਂਸ ਬਿਊਰੋ ਨੇ ਜ਼ਮੀਨ ਦਾ ਕਬਜ਼ਾ ਦਿਵਾਉਣ ਬਦਲੇ 40 ਹਜ਼ਾਰ ਰੁਪਏ ਰਿਸ਼ਵਤ ਲੈਣ ਦੇ ਦੋਸ਼ਾਂ ਹੇਠ ਹਲਕਾ ਗੋਲੇਵਾਲਾ ਦੇ ਕਾਨੂੰਗੋ ਵਰਿੰਦਰ ਸਿੰਘ ਬੁੱਟਰ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਮੁਲਜ਼ਮ ਵਿਰੁਧ ਥਾਣਾ ਵਿਜੀਲੈਂਸ ਬਿਊਰੋ ਰੇਂਜ ਫ਼ਿਰੋਜ਼ਪੁਰ ਵਿਚ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀ ਧਾਰਾ ਤਹਿਤ ਮਾਮਲਾ ਦਰਜ ਕੀਤਾ ਗਿਆ ਸੀ। ਜਾਣਕਾਰੀ ਅਨੁਸਾਰ ਪਿੰਡ ਭਾਗਥਲਾ ਦੇ ਰਹਿਣ ਵਾਲੇ ਜਸਵਿੰਦਰ ਸਿੰਘ ਨੇ ਐਂਟੀ ਕੁਰਪਸ਼ਨ ਹੈਲਪਲਾਈਨ 'ਤੇ ਸ਼ਿਕਾਇਤ ਦਰਜ ਕਰਵਾਈ ਸੀ। ਸ਼ਿਕਾਇਤ ਵਿਚ ਦੱਸ ਲਾਇਆ ਗਿਆ ਸੀ ਕਿ ਉਸ ਦੀ ਜ਼ਮੀਨ ਨਾਲ ਸਬੰਧਤ ਅਦਾਲਤੀ ਹੁਕਮਾਂ ਨੂੰ ਲਾਗੂ ਕਰਵਾਉਣ ਅਤੇ ਕਬਜ਼ਾ ਦਿਵਾਉਣ ਬਦਲੇ ਕਾਨੂੰਗੋ ਵਲੋਂ ਰਿਸ਼ਵਤ ਦੀ ਮੰਗ ਕੀਤੀ ਗਈ। ਸ਼ਿਕਾਇਤਕਰਤਾ ਦਾ ਜ਼ਮੀਨ ਸਬੰਧੀ ਵਿਵਾਦ ਕਈ ਸਾਲਾਂ ਤੋਂ ਅਦਾਲਤ ਵਿਚ ਚੱਲ ਰਿਹਾ ਸੀ। ਸਾਲ 2019 ਵਿਚ ਜ਼ਿਲ੍ਹਾ ਅਦਾਲਤ ਫ਼ਰੀਦਕੋਟ ਨੇ ਫ਼ੈਸਲਾ ਸ਼ਿਕਾਇਤਕਰਤਾ ਦੇ ਹੱਕ ਵਿਚ ਸੁਣਾਇਆ ਸੀ। ਇਸ ਤੋਂ ਬਾਅਦ ਵਿਰੋਧੀ ਧਿਰ ਨੇ ਪੰਜਾਬ ਤੇ ਹਰਿਆਣਾ ਹਾਈ ਕੋਰਟ ਵਿਚ ਅਪੀਲ ਦਾਇਰ ਕੀਤੀ ਸੀ, ਜਿਸ ਨੂੰ ਹਾਈ ਕੋਰਟ ਨੇ ਰੱਦ ਕਰ ਦਿਤਾ। ਬਾਅਦ ਵਿਚ ਸਿਵਲ ਜੱਜ ਫ਼ਰੀਦਕੋਟ ਨੇ ਮਾਲ ਵਿਭਾਗ ਨੂੰ ਸ਼ਿਕਾਇਤਕਰਤਾ ਨੂੰ ਜ਼ਮੀਨ ਦਾ ਕਬਜ਼ਾ ਦਿਵਾਉਣ ਦੇ ਹੁਕਮ ਜਾਰੀ ਕੀਤੇ ਸਨ। ਜਾਂਚ ਅਧਿਕਾਰੀ ਇੰਸਪੈਕਟਰ ਸੰਦੀਪ ਸਿੰਘ ਮੁਤਾਬਕ ਵਿਜੀਲੈਂਸ ਜਾਂਚ ਦੌਰਾਨ ਸਾਹਮਣੇ ਆਇਆ ਕਿ ਅਦਾਲਤੀ ਹੁਕਮਾਂ ਨੂੰ ਲਾਗੂ ਕਰਨ ਦੇ ਬਦਲੇ ਕਾਨੂੰਗੋ ਨੇ ਸ਼ਿਕਾਇਤਕਰਤਾ ਅਤੇ ਉਸ ਦੇ ਪੁੱਤਰ ਤੋਂ 80 ਹਜ਼ਾਰ ਰੁਪਏ ਰਿਸ਼ਵਤ ਦੀ ਮੰਗ ਕੀਤੀ ਸੀ। ਸ਼ਿਕਾਇਤਕਰਤਾ ਵਲੋਂ 40 ਹਜ਼ਾਰ ਰੁਪਏ ਮੁਲਜ਼ਮ ਨੂੰ ਦਿਤੇ ਗਏ ਸਨ, ਜਿਸ ਦੀ ਵੀਡੀਉ ਰਿਕਾਰਡਿੰਗ ਵੀ ਕੀਤੀ ਗਈ ਸੀ। ਵਿਜੀਲੈਂਸ ਬਿਊਰੋ ਦੀ ਜਾਂਚ ਵਿਚ ਰਿਸ਼ਵਤ ਲੈਣ ਦੇ ਦੋਸ਼ ਸਹੀ ਪਾਏ ਗਏ।

ਪੰਜਾਬ ਸਰਕਾਰ ਸਟੋਰੇਜ ਸਪੇਸ ਦੇ ਮੁੱਦੇ ਹੱਲ ਕਰਨ ਲਈ ਪੂਰੀ ਤਰ੍ਹਾਂ ਯਤਨਸ਼ੀਲ

- ਸੂਬੇ 'ਚੋਂ ਹਰ ਮਹੀਨੇ 10 ਲੱਖ ਮੀਟਰਕ ਟਨ ਚੱਲ ਅਤੇ 10 ਲੱਖ ਮੀਟਰਕ ਟਨ ਕਣਕ ਦੀ ਢੋਆ-ਢੁਆਈ ਦੀ ਲੋੜ : ਕਟਾਰੂਚੱਕ

ਚੰਡੀਗੜ੍ਹ, 2 ਜੂਨ (ਸਸਸ) : ਪੰਜਾਬ ਸਰਕਾਰ ਵਲੋਂ ਸਟੋਰੇਜ ਸਪੇਸ ਦੇ ਅਹਿਮ ਮੁੱਦੇ ਨੂੰ ਹੱਲ ਕਰਨ ਵਿਚ ਕੇਂਦਰੀ ਕਸਰ ਨਹੀਂ ਛੱਡੀ ਜਾ ਰਹੀ ਕਿਉਂਕਿ ਇਹ ਮੁੱਦਾ ਸੂਬੇ ਦੇ ਖ਼ਰੀਦ ਕਾਰਜਾਂ ਨਾਲ ਮੁੱਖ ਤੌਰ 'ਤੇ ਜੁੜਿਆ ਹੋਇਆ ਹੈ। ਖ਼ੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲਿਆਂ ਦੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਅੱਜ ਇੱਥੇ ਇਹ ਮੀਟਿੰਗ ਦੌਰਾਨ ਕਿਹਾ ਕਿ ਮੁੱਖ ਮੰਤਰੀ ਵਲੋਂ ਸਮੇਂ-ਸਮੇਂ 'ਤੇ ਕੇਂਦਰੀ ਖਪਤਕਾਰ ਮਾਮਲੇ, ਖ਼ੁਰਾਕ ਅਤੇ ਜਨਤਕ ਵੰਡ ਮੰਤਰੀ ਪ੍ਰਹਿਲਾਦ ਜੋਸ਼ੀ ਨਾਲ ਕਈ ਮੁਲਾਕਾਤਾਂ ਕੀਤੀਆਂ ਗਈਆਂ ਹਨ ਅਤੇ ਉਨ੍ਹਾਂ ਨੂੰ ਪੰਜਾਬ ਵਿਚ ਢੁਕਵੀਂ ਸਟੋਰੇਜ ਸਪੇਸ ਦੇ ਮੁੱਦੇ ਬਾਰੇ ਜਾਣੂ ਕਰਵਾਇਆ ਗਿਆ ਹੈ। ਮੰਤਰੀ ਨੇ ਅੱਗੇ ਕਿਹਾ ਕਿ ਸੂਬਾ ਸਰਕਾਰ ਹਮੇਸ਼ਾ ਖ਼ਰੀਦ ਪ੍ਰਕਿਰਿਆ ਨਾਲ ਜੁੜੇ ਸਾਰੇ ਭਾਈਵਾਲਾਂ ਦੇ ਹਿਤਾਂ ਨੂੰ ਪਹਿਲ ਦੇਵੇਗੀ ਅਤੇ ਇਸ ਦੀ ਪੂਰਤੀ ਲਈ ਕੇਂਦਰ ਸਰਕਾਰ ਕੋਲ ਦੁਬਾਰਾ ਉਠਾਉਣ ਦੇ ਕੋਈ ਢਿੱਲ ਨਹੀਂ ਵਰਤੀ ਜਾਵੇਗੀ। ਮੰਤਰੀ ਨੇ ਕਿਹਾ ਕਿ ਮੌਜੂਦਾ ਸਮੇਂ ਸੂਬੇ ਕੋਲ 181 ਲੱਖ ਮੀਟਰਿਕ ਟਨ (ਐਲ.ਐਮ.ਟੀ.) ਸਟੋਰੇਜ ਸਪੇਸ ਉਪਲੱਬਧ ਹੈ ਪਰ ਭੰਡਾਰ ਕੀਤੇ ਗਏ ਅਨਾਜ ਦੀ ਮਾਤਰਾ 190 ਐਲ.ਐਮ.ਟੀ. ਹੈ ਜੋ ਕਿ ਕੁੱਲ ਸਟੋਰੇਜ ਸਪੇਸ ਦਾ 105 ਫ਼ੀਸਦ ਹੈ। ਕਟਾਰੂਚੱਕ ਨੇ ਦਸਿਆ ਕਿ ਸੂਬੇ ਕੋਲ ਉਪਲਬਧ ਕੇਂਦਰੀ ਪੂਲ ਦਾ ਪਿਛਲਾ ਸਟਾਕ 37.76 ਐਲ.ਐਮ.ਟੀ. ਹੈ ਜਦੋਂ ਕਿ ਕਣਕ ਦਾ ਸਟਾਕ 40 ਐਲ.ਐਮ.ਟੀ. ਹੈ। ਉਨ੍ਹਾਂ ਅੱਗੇ ਕਿਹਾ ਕਿ ਹਾਲਾਤਾਂ ਦੀ ਸਥਿਰਤਾ ਨੂੰ ਯਕੀਨੀ ਬਣਾਉਣ ਲਈ ਸੂਬੇ ਵਿਚੋਂ ਹਰ ਮਹੀਨੇ ਘੱਟੋ-ਘੱਟ 10 ਐਲ.ਐਮ.ਟੀ. ਚੌਲ ਅਤੇ 10 ਐਲ.ਐਮ.ਟੀ. ਕਣਕ ਦੀ ਚੁਕਾਈ ਕੀਤੀ ਜਾਣੀ ਲਾਜ਼ਮੀ ਹੈ ਅਤੇ ਇਸ ਸਬੰਧ ਵਿਚ ਅਗਲੇ 4 ਮਹੀਨੇ ਬੇਹੱਦ ਚਿੰਤਾ ਅਤੇ ਚੌਕਸੀ ਵਾਲੇ ਅਹਿਮ ਹਨ। ਉਨ੍ਹਾਂ ਇਹ ਵੀ ਦੁਹਰਾਇਆ ਕਿ ਪੰਜਾਬ ਮੁੱਖ ਤੌਰ 'ਤੇ ਇਕ ਖੇਤੀ ਪ੍ਰਧਾਨ ਸੂਬਾ ਹੈ, ਇਸ ਲਈ ਖੇਤੀਬਾੜੀ ਖੇਤਰ ਨਾਲ ਸਬੰਧਤ ਹਰ ਮੁੱਦਾ ਸੂਬਾ ਸਰਕਾਰ ਲਈ ਬੇਹੱਦ ਮਹੱਤਵਪੂਰਨ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰਮੁੱਖ ਸਕੱਤਰ ਰਾਹੁਲ ਤਿਵਾੜੀ, ਵਧੀਕ ਸਕੱਤਰ ਕਮਲ ਕੁਮਾਰ ਗਰਗ, ਵਧੀਕ ਡਾਇਰੈਕਟਰ ਡਾ. ਅੰਜੁਮਨ ਭਾਸਕਰ ਅਤੇ ਅਜੈਵੀਰ ਸਿੰਘ ਸਰਾਓ, ਵਧੀਕ ਸਕੱਤਰ ਕੁਮਾਰ ਅਮਲ ਨੰਨਪੁਰੀ ਅਤੇ ਜੀਐਮ (ਵਿੱਤ) ਸਰਵੇਸ਼ ਕੁਮਾਰ ਮੌਜੂਦ ਸਨ।

ਮੇਰੀ ਰਸੋਈ ਯੋਜਨਾ ਤਹਿਤ ਹੁਣ ਤਕ 4.50 ਲੱਖ ਫੂਡ ਕਿੱਟਾਂ ਵੰਡੀਆਂ

ਚੰਡੀਗੜ੍ਹ, 2 ਜੂਨ (ਸਸਸ) : ਸੂਬੇ ਦੇ ਗਰੀਬ ਤਬਕੇ ਨੂੰ ਪੌਸ਼ਟਿਕ ਭੋਜਨ ਪ੍ਰਦਾਨ ਕਰਨ ਸਬੰਧੀ ਪੰਜਾਬ ਸਰਕਾਰ ਦੀ ਅਹਿਮ 'ਮੇਰੀ ਰਸੋਈ ਯੋਜਨਾ' ਤਹਿਤ ਹੁਣ ਤਕ 4.50 ਲੱਖ ਫੂਡ ਕਿੱਟਾਂ ਵੰਡੀਆਂ ਜਾ ਚੁੱਕੀਆਂ ਹਨ ਜੋ ਇਸ ਸਕੀਮ ਦੀ ਸਫਲਤਾ ਦਾ ਪ੍ਰਤੱਖ ਪ੍ਰਮਾਣ ਹੈ। ਇਸ ਸਕੀਮ ਤਹਿਤ ਸੂਬੇ ਦੇ 40 ਲੱਖ ਗਰੀਬ ਪਰਵਾਰਾਂ ਨੂੰ ਅਜਿਹੀਆਂ ਕਿੱਟਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਅੱਜ ਇੱਥੇ ਇਕ ਮੀਟਿੰਗ ਦੌਰਾਨ ਇਸ ਬਾਰੇ ਜਾਣਕਾਰੀ ਦਿੰਦਿਆਂ ਖ਼ੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਹਰੇਕ ਕਿੱਟ ਵਿਚ ਮਹੀਨਾਵਾਰ ਖਪਤ ਲਈ ਦੀ ਕਿੱਲੋ ਦਾਲ, ਇਕ ਕਿੱਲੋ ਚਨਾ, ਇਕ ਕਿੱਲੋ ਨਮਕ, 200 ਗ੍ਰਮ ਹਲਦੀ ਪਾਊਡਰ ਅਤੇ ਇਕ ਲੀਟਰ ਸਰ੍ਹੋਂ ਦਾ ਤੇਲ ਸ਼ਾਮਲ ਹੈ। ਇਹ ਫੂਡ ਕਿੱਟਾਂ ਰਾਸ਼ਟਰੀ ਖ਼ੁਰਾਕ ਸੁਰੱਖਿਆ ਐਕਟ ਤਹਿਤ ਯੋਗ ਲਾਭਪਾਤਰੀਆਂ ਨੂੰ ਪਹਿਲਾਂ ਹੀ ਵੰਡੀ ਜਾ ਰਹੀ ਕਣਕ ਤੋਂ ਇਲਾਵਾ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਮੰਤਰੀ ਨੇ ਅੱਗੇ ਕਿਹਾ ਕਿ ਯੋਗ ਲਾਭਪਾਤਰੀਆਂ ਨੂੰ ਰੋਜ਼ਾਨਾ 50,000 ਅਜਿਹੀਆਂ ਫੂਡ ਕਿੱਟਾਂ ਵੰਡੀਆਂ ਜਾ ਰਹੀਆਂ ਹਨ। ਮੀਟਿੰਗ ਦੌਰਾਨ, ਮੰਤਰੀ ਨੇ ਮੁਕੰਮਲ ਹੋਏ ਕਣਕ ਦੇ ਖ਼ਰੀਦ ਸੀਜ਼ਨ ਦੀ ਸਫਲਤਾ ਲਈ ਵਿਭਾਗ ਦੀ